# ਪ੍ਰਧਾਨ ਮੰਤਰੀ ਨੇ ਜੋਹਾਨਸਬਰਗ ਵਿੱਚ G20 ਸਿਖਰ ਸੰਮੇਲਨ ਦੇ ਦੌਰਾਨ ਦੱਖਣੀ ਅਫਰੀਕਾ ਦੇ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ (23 ਨਵੰਬਰ, 2025)

23 ਨਵੰਬਰ, 2025

ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਜੋਹਾਨਸਬਰਗ ਵਿੱਚ G20 ਸਿਖਰ ਸੰਮੇਲਨ ਦੇ ਦੌਰਾਨ ਦੱਖਣੀ ਅਫਰੀਕਾ ਗਣਰਾਜ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਸਿਰਿਲ ਰਾਮਫੋਸਾ ਨਾਲ ਮੁਲਾਕਾਤ ਕੀਤੀ. ਪ੍ਰਧਾਨ ਮੰਤਰੀ ਨੇ ਸਿਖਰ ਸੰਮੇਲਨ ਦੇ ਸਫਲ ਆਯੋਜਨ ਅਤੇ ਨਿੱਘੀ ਮਹਿਮਾਨਨਿਵਾਜ਼ੀ ਲਈ ਰਾਸ਼ਟਰਪਤੀ ਰਾਮਫੋਸਾ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਨਵੀਂ ਦਿੱਲੀ G20 ਸਿਖਰ ਸੰਮੇਲਨ ਦੇ ਦੌਰਾਨ ਏ ਗਏ ਫ਼ੈਸਲਿਆਂ ਨੂੰ ਅੱਗੇ ਵਧਾਉਣ ਅਤੇ ਉਨ੍ਹਾਂ 'ਤੇ ਅਮਲ ਕਰਨ ਲਈ ਦੱਖਣੀ ਅਫ਼ਰੀਕਾ ਦੇ G20 ਦੇ ਯਤਨਾਂ ਦੀ ਸ਼ਲਾਘਾ ਕੀਤੀ.

2. ਭਾਰਤ-ਦੱਖਣੀ ਅਫਰੀਕਾ ਸਬੰਧਾਂ ਨੂੰ ਅੱਗੇ ਵਧਾਉਣ ਵਾਲੇ ਇਤਿਹਾਸਕ ਸਬੰਧਾਂ ਨੂੰ ਯਾਦ ਕਰਦੇ ਹੋਏ, ਦੋਵੇਂ ਲੀਡਰਾਂ ਨੇ ਦੁਵੱਲੇ ਸਬੰਧਾਂ ਦੀ ਸਮੀਖਿਆ ਕੀਤੀ ਅਤੇ ਵਪਾਰ ਅਤੇ ਨਿਵੇਸ਼, ਖੁਰਾਕ ਸੁਰੱਖਿਆ, ਕੌਸ਼ਲ ਵਿਕਾਸ, ਮਾਈਨਿੰਗ, ਨੌਜਵਾਨਾਂ ਦੇ ਆਦਾਨ-ਪ੍ਰਦਾਨ ਅਤੇ ਲੋਕਾਂ ਵਿਚਕਾਰ ਦੇ ਆਪਸੀ ਸਬੰਧਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਹੋਈ ਪ੍ਰਗਤੀ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਨੇ AI, ਡਿਜ਼ੀਟਲ ਜਨਤਕ ਬੁਨਿਆਦੀ ਢਾਂਚੇ ਅਤੇ ਮਹੱਤਵਪੂਰਣ ਖਣਿਜਾਂ ਦੇ ਖੇਤਰਾਂ ਵਿੱਚ ਸਹਿਯੋਗ ਨੂੰ ਵਧਾਉਣ ਦੇ ਤਰੀਕਿਆਂ 'ਤੇ ਚਰਚਾ ਕੀਤੀ। ਲੀਡਰਾਂ ਨੇ ਦੱਖਣੀ ਅਫਰੀਕਾ ਵਿੱਚ ਭਾਰਤੀ ਕੰਪਨੀਆਂ ਦੀ ਵੱਧ ਰਹੀ ਮੌਜੂਦਗੀ ਦਾ ਸੁਆਗਤ ਕੀਤਾ ਅਤੇ ਆਪਸੀ ਨਿਵੇਸ਼ਾਂ ਦੀ ਸਹੂਲਤ ਲਈ ਸਹਿਮਤੀ ਦਿੱਤੀ, ਖਾਸ ਕਰਕੇ ਬੁਨਿਆਦੀ ਢਾਂਚੇ, ਤਕਨੀਕ, ਨਵੀਨਤਾ, ਮਾਈਨਿੰਗ ਅਤੇ ਸਟਾਰਟ-ਅੱਪ ਖੇਤਰਾਂ ਵਿੱਚ। ਪ੍ਰਧਾਨ ਮੰਤਰੀ ਨੇ ਦੱਖਣੀ ਅਫ਼ਰੀਕੀ ਚੀਤਿਆਂ ਨੂੰ ਭਾਰਤ ਭੇਜਣ ਲਈ ਰਾਸ਼ਟਰਪਤੀ ਰਾਮਫੋਸਾ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਭਾਰਤ ਦੀ ਅਗਵਾਈ ਵਿੱਚ ਅੰਤਰਰਾਸ਼ਟਰੀ ਬਿਗ ਕੈਟ ਗੱਠਜੋੜ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ।

3. ਦੋਵੇਂ ਲੀਡਰ ਗਲੋਬਲ ਸਾਊਥ ਦੀ ਆਵਾਜ਼ ਨੂੰ ਅੱਗੇ ਵਧਾਉਣ ਲਈ ਸੰਯੁਕਤ ਤੌਰ 'ਤੇ ਕੰਮ ਕਰਨ ਲਈ ਸਹਿਮਤ ਹੋਏ। ਇਸ ਸੰਦਰਭ ਵਿੱਚ, ਪ੍ਰਧਾਨ ਮੰਤਰੀ ਨੇ IBSA ਲੀਡਰਾਂ ਦੀ ਬੈਠਕ ਕਰਨ ਲਈ ਦੱਖਣੀ ਅਫਰੀਕਾ ਵੱਲੋਂ ਕੀਤੀ ਗਈ ਪਹਿਲ ਦੀ ਪ੍ਰਸ਼ੰਸਾ ਕੀਤੀ। ਰਾਸ਼ਟਰਪਤੀ ਰਾਮਫੋਸਾ ਨੇ 2026 ਵਿੱਚ BRICS ਦੀ ਭਾਰਤ ਦੀ ਆਉਣ ਵਾਲੀ ਪ੍ਰਧਾਨਗੀ ਵਾਸਤੇ ਦੱਖਣੀ ਅਫਰੀਕਾ ਵਲੋਂ ਪੂਰੇ ਸਮਰਥਨ ਦਾ ਭਰੋਸਾ ਦਿੱਤਾ.

ਜੋਹਾਨਸਬਰਗ

23 ਨਵੰਬਰ, 2025